# Visit of External Affairs Minister to United Arab Emirates

November 26, 2020

……………………………………………………………………………………………………..

## ਵਿਦੇਸ਼ ਮੰਤਰੀ ਵੱਲੋਂ ਸੰਯੁਕਤ ਅਰਬ ਅਮੀਰਾਤ ਦੀ ਫੇਰੀ

26 ਨਵੰਬਰ, 2020

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ 25-26 ਨਵੰਬਰ, 2020 ਨੂੰ ਸੰਯੁਕਤ ਅਰਬ ਅਮੀਰਾਤ ਦਾ ਦੋ ਦਿਨਾਂ ਦਾ ਅਧਿਕਾਰਕ ਦੌਰਾ ਕੀਤਾ। ਇਸ ਦੌਰੇ ਦੌਰਾਨ ਉਨ੍ਹਾਂ ਨੇ ਅਬੂ ਧਾਬੀ ਦੇ ਯੁਵਰਾਜ ਮਹਾਮਹਿਮ ਸ਼ੇਖ ਮੁਹੰਮਦ ਬਿਨ ਜਾਇਦ ਅਲ ਨਾਹਯਾਨ ਨਾਲ ਮੁਲਾਕਾਤ ਕੀਤੀ ਅਤੇ ਆਪਣੇ ਹਮਰੁਤਬਾ ਸੰਯੁਕਤ ਅਰਬ ਅਮੀਰਾਤ ਦੇ ਵਿਦੇਸ਼ ਮੰਤਰੀ ਮਹਾਮਹਿਮ ਸ਼ੇਖ ਅਬਦੁੱਲਾ ਬਿਨ ਜਾਇਦ ਅਲ ਨਾਹਯਾਨ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਅਬੂ ਧਾਬੀ ਵਿੱਚ ਰਹਿ ਰਹੇ ਭਾਰਤੀ ਭਾਈਚਾਰੇ ਦੀਆਂ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਵਰਚੁਅਲ ਮਾਧਿਅਮ ਰਾਹੀਂ ਗੱਲਬਾਤ ਕੀਤੀ।

ਵਿਦੇਸ਼ ਮੰਤਰੀ ਨੇ 25 ਨਵੰਬਰ ਨੂੰ ਅਬੂ ਧਾਬੀ ਦੇ ਯੁਵਰਾਜ ਨਾਲ ਮੁਲਾਕਾਤ ਕੀਤੀ ਅਤੇ ਭਾਰਤੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀਆਂ ਸ਼ੁਭ ਕਾਮਨਾਵਾਂ ਭੇਟ ਕਰਨ ਤੋਂ ਛੁੱਟ COVID -19 ਮਹਾਂਮਾਰੀ ਦੌਰਾਨ ਭਾਰਤੀਆਂ ਦੀ ਚੰਗੀ ਦੇਖਭਾਲ ਕਰਨ ਲਈ ਸੰਯੁਕਤ ਅਰਬ ਅਮੀਰਾਤ ਦੇ ਆਗੂਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਆਪਸੀ ਹਿਤ ਦੇ ਖੇਤਰੀ ਅਤੇ ਕੌਮਾਂਤਰੀ ਮੁੱਦਿਆਂ ਬਾਰੇ ਵੀ ਵਿਚਾਰ ਵਟਾਂਦਰੇ ਕੀਤੇ।

ਵਿਦੇਸ਼ ਮੰਤਰੀ ਅਤੇ ਸੰਯੁਕਤ ਅਰਬ ਅਮੀਰਾਤ ਦੇ ਵਿਦੇਸ਼ ਮੰਤਰੀ ਨੇ 26 ਨਵੰਬਰ ਨੂੰ ਸਮੁੱਚੇ ਦੁਵੱਲੇ ਮੁੱਦਿਆਂ 'ਤੇ ਵਿਚਾਰ ਵਟਾਂਦਰੇ ਕੀਤੇ। ਵਿਦੇਸ਼ ਮੰਤਰੀ ਨੇ COVID -19 ਮਹਾਂਮਾਰੀ ਨਾਲ ਨਜਿੱਠਣ ਦੇ ਮਾਮਲੇ 'ਚ ਭਾਰਤ ਦੁਆਰਾ ਸਿਹਤ ਦੇ ਅਤੇ ਆਰਥਿਕ ਮੋਰਚੇ 'ਤੇ ਕੀਤੀ ਗਈ ਤਰੱਕੀ ਬਾਰੇ ਸੰਯੁਕਤ ਅਰਬ ਅਮੀਰਾਤ ਪੱਖ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ। ਦੋਨਾਂ ਧਿਰਾਂ ਨੇ ਵਪਾਰ, ਨਿਵੇਸ਼, ਬੁਨਿਆਦੀ ਢਾਂਚਾ, ਊਰਜਾ, ਭੋਜਨ ਸੁਰੱਖਿਆ ਅਤੇ ਰੱਖਿਆ ਸਮੇਤ ਆਪਣੀ ਸਮੁੱਚੀ ਰਣਨੀਤਕ ਭਾਈਵਾਲੀ ਦੇ ਵੱਖ ਵੱਖ ਪਹਿਲੂਆਂ ਦੀ ਸਮੀਖਿਆ ਕੀਤੀ। ਵਿਦੇਸ਼ ਮੰਤਰੀ ਅਤੇ ਸੰਯੁਕਤ ਅਰਬ ਅਮੀਰਾਤ ਦੇ ਵਿਦੇਸ਼ ਮੰਤਰੀ ਨੇ ਹਾਲੀਆ ਖੇਤਰੀ ਅਤੇ ਅੰਤਰਰਾਸ਼ਟਰੀ ਘਟਨਾਵਾਂ ਬਾਰੇ ਵਿਚਾਰ ਵਟਾਂਦਰੇ ਕੀਤੇ ਅਤੇ ਵੱਖ-ਵੱਖ ਬਹੁਪੱਖੀ ਮੁੱਦਿਆਂ ਬਾਰੇ ਤਾਲਮੇਲ ਜਾਰੀ ਰੱਖਣ ਉੱਤੇ ਸਹਿਮਤੀ ਪ੍ਰਗਟਾਈ।

ਅਬੂ ਧਾਬੀ ਵਿੱਚ ਭਾਰਤੀ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਆਪਣੀ ਵਰਚੁਅਲ ਬੈਠਕ ਵਿੱਚ ਵਿਦੇਸ਼ ਮੰਤਰੀ ਨੇ COVID ਮਹਾਂਮਾਰੀ ਦੌਰਾਨ ਭਾਰਤੀ ਭਾਈਚਾਰੇ ਦੀ ਦੇਖਭਾਲ ਕਰਨ ਦੇ ਮਾਮਲੇ 'ਚ ਭਾਰਤੀ ਐਸੋਸੀਏਸ਼ਨਾਂ ਦੇ ਕੰਮ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ COVID ਤੋਂ ਬਾਅਦ ਆਮ ਹਾਲਾਤ ਬਹਾਲ ਕਰਨ ਨਾਲ ਸਬੰਧਤ ਮੁੱਦਿਆਂ 'ਤੇ ਉਨ੍ਹਾਂ ਨੂੰ ਸਰਕਾਰ ਦੇ ਪ੍ਰਤੀਕਰਮ ਦਾ ਭਰੋਸਾ ਦਿੱਤਾ।

ਅਬੂ ਧਾਬੀ
26 ਨਵੰਬਰ, 2020

DISCLAIMER: This is an approximate translation. The original is available in English on MEA's website and may be referred to as the official press release.